**Grade: 5**
**Lesson Number: 7**
**Unit Name: Sodar Rahirās**
**Course: Virsā**
**Title: Sodar Rahirās**

**Standards**
**Standard 6: Recitation of Rahirās**
- Students recite the *Rahirās.*

**Objectives**
1. Students learn to recite Rahirās and develop a general understanding of the Sabads.

**Prerequisites**
- This is a lesson plan that will lead to the memorization of Rahirās in the language arts class.

**Materials**
- Audio version of Sodar Rahirās (available in Audio CD; Track 10)
- CD player
- Nitnem pothīs printed by Sikh Missionary College (this pothī has accurate breaks that will help children better follow along)

**Advanced Preparation**
- Teacher should be familiar with background of Rahirās.

**Engagement (5-10 minutes)**
- Ask children if they have heard of Rahirās? Most likely some kids will know, but if they don't, play little bit of an audio version to see if they recognize it.
- Further ask them what they know about Rahirās. At the very least they should be able to tell you that it is an evening prayer.

**Exploration (10-15 minutes)**
- Now begin explaining to children that Sodar is part of nitnem which is recited in the evening. Ask them what the five nitnem bānīs are. (Japujī, Jāp, Ten Savayā, Rahirās and Sohilā)
- This Bāṇī is a collection of hymns of five different Gurūs- Gurū Nānak Sāhib, Gurū Amardās Sāhib, Gurū Rāmdās Sāhib, and Gurū Arjan Sāhib.
- The Rahiras as recorded in the Gurū Granth Sāhib does not contain Banis from the "Dasam Granth." These were added in Rahirās Sāhib in the late 19th century. This was later approved by Panth and the Shiromanī Gurduārā Prabandhak Committee (SGPC) which printed the Sikh Rahit Mariādā.
- It is said that evening during the time of Gurū Nānak Sāhib some form of Rahirās was recited.
- It mainly talks about the praises of Vāhgurū and reminds us how to live our life.

© 2013 Sikh Research Institute

**Explanation/Extension (20-25 minutes)**

- Have children wash their hands and cover their heads.
- Give each student the attached translation of the first Sabad and have them read over the translation. Tell them that this is also the 27th pauṛī in Japujī Sāhib, though there are some grammar related differences.
- Then give them nitnem pothīs and ask them to open to Rahirās.
- Play the entire Rahirās on the audio and have children follow along.
- If you have time at the end, go over just the first Sabad you reading one line first and the children repeating after you.
- Ask children to try and memorize the first Sabad on Sodar for their next class. Also encourage them to introduce Rahirās as their evening routine for themselves and their family.

**Evaluation (On-going)**

- Review information learned in this class during next class.

© 2013 Sikh Research Institute

## Teacher Resources

Rahirās

The Rahirās is the evening prayer of the Sikhs. It is recited at the end of a working day. Its purpose is to add energy to one's being, and covers a Sikh's actions and living environments.The sabad to be discussed follows.

www.gurugranthdarpan.com

**ਸੋ ਦਰੁ ਰਾਗੁ ਆਸਾ ਮਹਲਾ ੧**
**ੴ ਸਤਿਗੁਰ ਪ੍ਰਸਾਦਿ ॥**

**ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥**

ਅਰਥ :(ਹੇ ਪ੍ਰਭੂ !) ਤੇਰਾ ਉਹ ਘਰ ਅਤੇ (ਉਸ ਘਰ ਦਾ) ਉਹ ਦਰਵਾਜ਼ਾ ਬੜਾ ਹੀ ਅਸਚਰਜ ਹੋਵੇਗਾ, ਜਿੱਥੇ ਬੈਠ ਕੇ ਤੂੰ ਸਾਰੇ ਜੀਵਾਂ ਦੀ ਸੰਭਾਲ ਕਰ ਰਿਹਾ ਹੈਂ । (ਤੇਰੀ ਇਸ ਰਚੀ ਹੋਈ ਕੁਦਰਤ ਵਿਚ) ਅਨੇਕਾਂ ਤੇ ਅਣਗਿਣਤ ਵਾਜੇ ਤੇ ਰਾਗ ਹਨ; ਬੇਅੰਤ ਹੀ ਜੀਵ (ਉਹਨਾਂ ਵਾਜਿਆਂ ਨੂੰ) ਵਜਾਣ ਵਾਲੇ ਹਨ । ਰਾਗਣੀਆਂ ਸਮੇਤ ਬੇਅੰਤ ਹੀ ਰਾਗਾਂ ਦੇ ਨਾਮ ਲਏ ਜਾਂਦੇ ਹਨ । ਅਨੇਕਾਂ ਹੀ ਜੀਵ (ਇਹਨਾਂ ਰਾਗ-ਰਾਗਣੀਆਂ ਦੀ ਰਾਹੀਂ ਤੈਨੂੰ) ਗਾਣ ਵਾਲੇ ਹਨ (ਤੇਰੀ ਸਿਫ਼ਤਿ ਦੇ ਗੀਤ ਗਾ ਰਹੇ ਹਨ) ।

**ਗਾਵਨਿ ਤੁਧ ਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧ ਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥**

ਅਰਥ :(ਹੇ ਪ੍ਰਭੂ !) ਹਵਾ ਪਾਣੀ ਅੱਗ (ਆਦਿਕ ਤੱਤ) ਤੇਰੇ ਗੁਣ ਗਾ ਰਹੇ ਹਨ (ਤੇਰੀ ਰਜ਼ਾ ਵਿਚ ਤੁਰ ਰਹੇ ਹਨ) । ਧਰਮ ਰਾਜ (ਤੇਰੇ) ਦਰ ਤੇ (ਖਲੋ ਕੇ ਤੇਰੀ ਸਿਫ਼ਤਿ-ਸਾਲਾਹ ਦੇ ਗੀਤ) ਗਾ ਰਿਹਾ ਹੈ । ਉਹ ਚਿੱਤਰ ਗੁਪਤ ਭੀ ਜੋ (ਜੀਵਾਂ ਦੇ ਚੰਗੇ ਮੰਦੇ ਕਰਮਾਂ ਦੇ ਲੇਖੇ) ਲਿਖਣੇ ਜਾਣਦੇ ਹਨ ਅਤੇ ਜਿਨ੍ਹਾਂ ਦੇ ਲਿਖੇ ਹੋਏ ਧਰਮ ਰਾਜ ਵਿਚਾਰਦਾ ਹੈ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਰਹੇ ਹਨ ।

**ਗਾਵਨਿ ਤੁਧ ਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧ ਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥**

ਅਰਥ :(ਹੇ ਪ੍ਰਭੂ !) ਅਨੇਕਾਂ ਦੇਵੀਆਂ ਸ਼ਿਵ ਅਤੇ ਬ੍ਰਹਮਾ (ਆਦਿਕ ਦੇਵਤੇ) ਜੋ ਤੇਰੇ ਸਵਾਰੇ ਹੋਏ ਹਨ ਸਦਾ (ਤੇਰੇ ਦਰ ਤੇ) ਸੋਭ ਰਹੇ ਹਨ ਤੈਨੂੰ ਗਾ ਰਹੇ ਹਨ (ਤੇਰੇ ਗੁਣ ਗਾ ਰਹੇ ਹਨ) । ਕਈ ਇੰਦਰ ਦੇਵਤੇ ਆਪਣੇ ਤਖ਼ਤ ਉੱਤੇ ਬੈਠੇ ਹੋਏ ਦੇਵਤਿਆਂ ਸਮੇਤ ਤੇਰੇ ਦਰ ਉੱਤੇ ਤੈਨੂੰ ਗਾ ਰਹੇ ਹਨ (ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਰਹੇ ਹਨ) ।

**ਗਾਵਨਿ ਤੁਧ ਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧ ਨੋ ਸਾਧ ਬੀਚਾਰੇ ॥ ਗਾਵਨਿ ਤੁਧ ਨੋ ਜਤੀ ਸਤੀ ਸੰਤੋਖੀ ਗਾਵਨਿ ਤੁਧ ਨੋ ਵੀਰ ਕਰਾਰੇ ॥**

ਅਰਥ :···(ਹੇ ਪ੍ਰਭੂ !) ਸਿੱਧ ਲੋਕ ਸਮਾਧੀਆਂ ਲਾ ਕੇ ਤੈਨੂੰ ਗਾ ਰਹੇ ਹਨ । ਸਾਧ ਜਨ (ਤੇਰੇ ਗੁਣਾਂ ਦੀ) ਵਿਚਾਰ ਕਰ ਕੇ ਤੈਨੂੰ ਸਲਾਹ ਰਹੇ ਹਨ । ਜਤੀ, ਦਾਨੀ ਅਤੇ ਸੰਤੋਖੀ ਬੰਦੇ ਭੀ ਤੇਰੇ ਹੀ ਗੁਣ ਗਾ ਰਹੇ ਹਨ । ਬੇਅੰਤ ਤਕੜੇ ਸੂਰਮੇ ਤੇਰੀਆਂ ਹੀ ਵਡਿਆਈਆਂ ਕਰ ਰਹੇ ਹਨ ।

© 2013 Sikh Research Institute

**ਗਾਵਨਿ ਤੁਧ ਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧ ਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥**

ਅਰਥ : (ਹੇ ਪ੍ਰਭੂ !) ਪੰਡਿਤ ਅਤੇ ਮਹਾ ਰਿਖੀ ਜੋ (ਵੇਦਾਂ ਨੂੰ ਪੜ੍ਹਦੇ ਹਨ, ਵੇਦਾਂ ਸਣੇ ਤੇਰਾ ਹੀ ਜਸ ਕਰ ਰਹੇ ਹਨ । ਸੁੰਦਰ ਇਸਤ੍ਰੀਆਂ ਜੋ (ਆਪਣੀ ਸੁੰਦਰਤਾ ਨਾਲ ਮਨੁੱਖ ਦੇ) ਮਨ ਨੂੰ ਮੋਹ ਲੈਂਦੀਆਂ ਹਨ ਤੈਨੂੰ ਹੀ ਗਾ ਰਹੀਆਂ ਹਨ, (ਭਾਵ, ਤੇਰੀ ਸੁੰਦਰਤਾ ਦਾ ਪਰਕਾਸ਼ ਕਰ ਰਹੀਆਂ ਹਨ) । ਸੁਰਗ-ਲੋਕ, ਮਾਤ-ਲੋਕ ਅਤੇ ਪਤਾਲ-ਲੋਕ (ਭਾਵ, ਸੁਰਗ ਮਾਤ ਅਤੇ ਪਤਾਲ ਦੇ ਸਾਰੇ ਜੀਆ ਜੰਤ) ਤੇਰੀ ਹੀ ਵਡਿਆਈ ਕਰ ਰਹੇ ਹਨ ।

**ਗਾਵਨਿ ਤੁਧ ਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧ ਨੋ ਜੋਧ ਮਹਾਬਲ ਸੂਰਾ ਗਾਵਨਿ ਤੁਧ ਨੋ ਖਾਣੀ ਚਾਰੇ ॥ ਗਾਵਨਿ ਤੁਧ ਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ {ਪੰਨਾ ੯}**

ਅਰਥ :…(ਹੇ ਪ੍ਰਭੂ !) ਤੇਰੇ ਪੈਦਾ ਕੀਤੇ ਹੋਏ ਰਤਨ ਅਠਾਹਠ ਤੀਰਥਾਂ ਸਮੇਤ ਤੈਨੂੰ ਹੀ ਗਾ ਰਹੇ ਹਨ । ਵੱਡੇ ਬਲ ਵਾਲੇ ਜੋਧੇ ਅਤੇ ਸੂਰਮੇ (ਤੇਰਾ ਦਿੱਤਾ ਬਲ ਵਿਖਾ ਕੇ) ਤੇਰੀ ਹੀ (ਤਾਕਤ ਦੀ) ਸਿਫ਼ਤਿ ਕਰ ਰਹੇ ਹਨ । ਚੌਹਾਂ ਹੀ ਖਾਣੀਆਂ ਦੇ ਜੀਅ ਜੰਤ ਤੈਨੂੰ ਗਾ ਰਹੇ ਹਨ । ਸਾਰੀ ਸ੍ਰਿਸ਼ਟੀ, ਸ੍ਰਿਸ਼ਟੀ ਦੇ ਸਾਰੇ ਖੰਡ ਤੇ ਮੰਡਲ, ਜੋ ਤੂੰ ਪੈਦਾ ਕਰ ਕੇ ਟਿਕਾ ਰੱਖੇ ਹਨ, ਤੈਨੂੰ ਹੀ ਗਾਉਂਦੇ ਹਨ ।

**ਸੇਈ ਤੁਧ ਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧ ਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥**

ਅਰਥ :…(ਹੇ ਪ੍ਰਭੂ !) ਅਸਲ ਵਿਚ ਉਹੀ ਬੰਦੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ (ਭਾਵ, ਉਹਨਾਂ ਦੀ ਕੀਤੀ ਸਿਫ਼ਤਿ-ਸਾਲਾਹ ਸਫਲ ਹੈ) ਜੋ ਤੇਰੇ ਪ੍ਰੇਮ ਵਿਚ ਰੰਗੇ ਹੋਏ ਹਨ ਅਤੇ ਤੇਰੇ ਰਸੀਏ ਭਗਤ ਹਨ, ਉਹੀ ਬੰਦੇ ਤੈਨੂੰ ਪਿਆਰੇ ਲੱਗਦੇ ਹਨ । ਅਨੇਕਾਂ ਹੋਰ ਜੀਵ ਤੇਰੀ ਵਡਿਆਈ ਕਰ ਰਹੇ ਹਨ, ਜੋ ਮੈਥੋਂ ਗਿਣੇ ਨਹੀਂ ਜਾ ਸਕਦੇ । (ਭਲਾ, ਇਸ ਗਿਣਤੀ ਬਾਰੇ) ਨਾਨਕ ਕੀਹ ਵਿਚਾਰ ਕਰ ਸਕਦਾ ਹੈ ? (ਨਾਨਕ ਇਹ ਵਿਚਾਰ ਕਰਨ-ਜੋਗਾ ਨਹੀਂ ਹੈ) ।

**ਸੋਈ ਸੋਈ ਸਦਾ ਸਚੁ, ਸਾਹਿਬੁ ਸਾਚਾ, ਸਾਚੀ ਨਾਈ ॥ ਹੈ ਭੀ, ਹੋਸੀ, ਜਾਇ ਨ ਜਾਸੀ, ਰਚਨਾ ਜਿਨਿ ਰਚਾਈ ॥**

ਅਰਥ :ਜਿਸ (ਪ੍ਰਭੂ) ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਇਸ ਵੇਲੇ ਭੀ ਮੌਜੂਦ ਹੈ, ਤੇ ਸਦਾ ਕਾਇਮ ਰਹਿਣ ਵਾਲਾ ਹੈ । ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ । ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ।

**ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥**

ਅਰਥ :…ਜਿਸ ਪ੍ਰਭੂ ਨੇ ਕਈ ਰੰਗਾਂ ਕਿਸਮਾਂ ਤੇ ਜਿਨਸਾਂ ਦੀ ਮਾਇਆ ਰਚ ਦਿੱਤੀ ਹੈ, ਉਹ, ਜਿਵੇਂ ਉਸ ਦੀ ਰਜ਼ਾ ਹੈ, ਜਗਤ ਨੂੰ ਪੈਦਾ ਕਰ ਕੇ ਆਪਣੇ ਪੈਦਾ ਕੀਤੇ ਹੋਏ ਦੀ ਸੰਭਾਲ ਕਰ ਰਿਹਾ ਹੈ ।

**ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿ ਸਾਹਿਬੁ ਨਾਨਕ ਰਹਣੁ ਰਜਾਈ ॥੧॥**

© 2013 Sikh Research Institute 

ਅਰਥ :⋯ਜੋ ਕੁਝ ਉਸ (ਪ੍ਰਭੂ) ਨੂੰ ਚੰਗਾ ਲੱਗਦਾ ਹੈ ਉਹੀ ਉਹ ਕਰਦਾ ਹੈ । ਕੋਈ ਜੀਵ ਉਸ ਦੇ ਅੱਗੇ ਹੈਂਕੜ ਨਹੀਂ ਵਿਖਾ ਸਕਦਾ (ਕੋਈ ਜੀਵ ਉਸ ਨੂੰ ਇਹ ਨਹੀਂ ਆਖ ਸਕਦਾ 'ਇਉਂ ਨਹੀਂ, ਇਉਂ ਕਰ') । ਉਹ ਪ੍ਰਭੂ (ਸਾਰੇ ਜਗਤ ਦਾ) ਪਾਤਿਸ਼ਾਹ ਹੈ, ਪਾਤਿਸ਼ਾਹਾਂ ਦਾ ਭੀ ਪਾਤਿਸ਼ਾਹ ਹੈ । ਹੇ ਨਾਨਕ ! (ਜੀਵਾਂ ਨੂੰ) ਉਸ ਦੀ ਰਜ਼ਾ ਵਿਚ ਰਹਿਣਾ ਹੀ ਫਬਦਾ ਹੈ ।੧।

ਨੋਟ :⋯ਪਉਣ ਪਾਣੀ ਬੈਸੰਤਰ ਆਦਿਕ ਅਚੇਤਨ ਪਦਾਰਥ ਭੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਰਹੇ ਹਨ, ਭਾਵ, ਉਸ ਦੇ ਪੈਦਾ ਕੀਤੇ ਸਾਰੇ ਤੱਤ ਭੀ ਉਸ ਦੀ ਰਜ਼ਾ ਵਿਚ ਤੁਰ ਰਹੇ ਹਨ । ਰਜ਼ਾ ਵਿਚ ਤੁਰਨਾ ਉਸ ਦੀ ਸਿਫ਼ਤਿ-ਸਾਲਾਹ ਹੀ ਕਰਨੀ ਹੈ । {੧੪੩੦ ਪੰਨੇ ਵਾਲੀ ਬੀੜ, ਪੰਨਾ ੯}

© 2013 Sikh Research Institute 

Rahirās

The Rahirās is the evening prayer of the Sikhs. It is recited at the end of a working day. Its purpose is to add energy to one's being, and covers a Sikh's actions and living environments.The sabad to be discussed follows.

www.gurugranthdarpan.com

**ਸੋ ਦਰੁ ਰਾਗੁ ਆਸਾ ਮਹਲਾ ੧**
**ੴ ਸਤਿਗੁਰ ਪ੍ਰਸਾਦਿ ॥**

**ਸੋ ਦਰੁ ਤੇਰਾ ਕੇਹਾ ਸੋ ਘਰੁ ਕੇਹਾ ਜਿਤੁ ਬਹਿ ਸਰਬ ਸਮਾਲੇ ॥ ਵਾਜੇ ਤੇਰੇ ਨਾਦ ਅਨੇਕ ਅਸੰਖਾ ਕੇਤੇ ਤੇਰੇ ਵਾਵਣਹਾਰੇ ॥ ਕੇਤੇ ਤੇਰੇ ਰਾਗ ਪਰੀ ਸਿਉ ਕਹੀਅਹਿ ਕੇਤੇ ਤੇਰੇ ਗਾਵਣਹਾਰੇ ॥**

ਅਰਥ :(ਹੇ ਪ੍ਰਭੂ !) ਤੇਰਾ ਉਹ ਘਰ ਅਤੇ (ਉਸ ਘਰ ਦਾ) ਉਹ ਦਰਵਾਜ਼ਾ ਬੜਾ ਹੀ ਅਸਚਰਜ ਹੋਵੇਗਾ, ਜਿੱਥੇ ਬੈਠ ਕੇ ਤੂੰ ਸਾਰੇ ਜੀਵਾਂ ਦੀ ਸੰਭਾਲ ਕਰ ਰਿਹਾ ਹੈਂ । (ਤੇਰੀ ਇਸ ਰਚੀ ਹੋਈ ਕੁਦਰਤ ਵਿਚ) ਅਨੇਕਾਂ ਤੇ ਅਣਗਿਣਤ ਵਾਜੇ ਤੇ ਰਾਗ ਹਨ; ਬੇਅੰਤ ਹੀ ਜੀਵ (ਉਹਨਾਂ ਵਾਜਿਆਂ ਨੂੰ) ਵਜਾਣ ਵਾਲੇ ਹਨ । ਰਾਗਣੀਆਂ ਸਮੇਤ ਬੇਅੰਤ ਹੀ ਰਾਗਾਂ ਦੇ ਨਾਮ ਲਏ ਜਾਂਦੇ ਹਨ । ਅਨੇਕਾਂ ਹੀ ਜੀਵ (ਇਹਨਾਂ ਰਾਗ-ਰਾਗਣੀਆਂ ਦੀ ਰਾਹੀਂ ਤੈਨੂੰ) ਗਾਣ ਵਾਲੇ ਹਨ (ਤੇਰੀ ਸਿਫ਼ਤਿ ਦੇ ਗੀਤ ਗਾ ਰਹੇ ਹਨ) ।

**ਗਾਵਨਿ ਤੁਧ ਨੋ ਪਵਣੁ ਪਾਣੀ ਬੈਸੰਤਰੁ ਗਾਵੈ ਰਾਜਾ ਧਰਮੁ ਦੁਆਰੇ ॥ ਗਾਵਨਿ ਤੁਧ ਨੋ ਚਿਤੁ ਗੁਪਤੁ ਲਿਖਿ ਜਾਣਨਿ ਲਿਖਿ ਲਿਖਿ ਧਰਮੁ ਬੀਚਾਰੇ ॥**

ਅਰਥ :(ਹੇ ਪ੍ਰਭੂ !) ਹਵਾ ਪਾਣੀ ਅੱਗ (ਆਦਿਕ ਤੱਤ) ਤੇਰੇ ਗੁਣ ਗਾ ਰਹੇ ਹਨ (ਤੇਰੀ ਰਜ਼ਾ ਵਿਚ ਤੁਰ ਰਹੇ ਹਨ) । ਧਰਮ ਰਾਜ (ਤੇਰੇ) ਦਰ ਤੇ (ਖਲੋ ਕੇ ਤੇਰੀ ਸਿਫ਼ਤਿ-ਸਾਲਾਹ ਦੇ ਗੀਤ) ਗਾ ਰਿਹਾ ਹੈ । ਉਹ ਚਿੱਤਰ ਗੁਪਤ ਭੀ ਜੋ (ਜੀਵਾਂ ਦੇ ਚੰਗੇ ਮੰਦੇ ਕਰਮਾਂ ਦੇ ਲੇਖੇ) ਲਿਖਣੇ ਜਾਣਦੇ ਹਨ ਅਤੇ ਜਿਨ੍ਹਾਂ ਦੇ ਲਿਖੇ ਹੋਏ ਧਰਮ ਰਾਜ ਵਿਚਾਰਦਾ ਹੈ ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਰਹੇ ਹਨ ।

**ਗਾਵਨਿ ਤੁਧ ਨੋ ਈਸਰੁ ਬ੍ਰਹਮਾ ਦੇਵੀ ਸੋਹਨਿ ਤੇਰੇ ਸਦਾ ਸਵਾਰੇ ॥ ਗਾਵਨਿ ਤੁਧ ਨੋ ਇੰਦ੍ਰ ਇੰਦ੍ਰਾਸਣਿ ਬੈਠੇ ਦੇਵਤਿਆ ਦਰਿ ਨਾਲੇ ॥**

ਅਰਥ :(ਹੇ ਪ੍ਰਭੂ !) ਅਨੇਕਾਂ ਦੇਵੀਆਂ ਸ਼ਿਵ ਅਤੇ ਬ੍ਰਹਮਾ (ਆਦਿਕ ਦੇਵਤੇ) ਜੋ ਤੇਰੇ ਸਵਾਰੇ ਹੋਏ ਹਨ ਸਦਾ (ਤੇਰੇ ਦਰ ਤੇ) ਸੋਭ ਰਹੇ ਹਨ ਤੈਨੂੰ ਗਾ ਰਹੇ ਹਨ (ਤੇਰੇ ਗੁਣ ਗਾ ਰਹੇ ਹਨ) । ਕਈ ਇੰਦਰ ਦੇਵਤੇ ਆਪਣੇ ਤਖ਼ਤ ਉੱਤੇ ਬੈਠੇ ਹੋਏ ਦੇਵਤਿਆਂ ਸਮੇਤ ਤੇਰੇ ਦਰ ਉੱਤੇ ਤੈਨੂੰ ਗਾ ਰਹੇ ਹਨ (ਤੇਰੀ ਸਿਫ਼ਤਿ-ਸਾਲਾਹ ਦੇ ਗੀਤ ਗਾ ਰਹੇ ਹਨ) ।

**ਗਾਵਨਿ ਤੁਧ ਨੋ ਸਿਧ ਸਮਾਧੀ ਅੰਦਰਿ ਗਾਵਨਿ ਤੁਧ ਨੋ ਸਾਧ ਬੀਚਾਰੇ ॥ ਗਾਵਨਿ ਤੁਧ ਨੋ ਜਤੀ ਸਤੀ ਸੰਤੋਖੀ ਗਾਵਨਿ ਤੁਧ ਨੋ ਵੀਰ ਕਰਾਰੇ ॥**

ਅਰਥ :⋯(ਹੇ ਪ੍ਰਭੂ !) ਸਿੱਧ ਲੋਕ ਸਮਾਧੀਆਂ ਲਾ ਕੇ ਤੈਨੂੰ ਗਾ ਰਹੇ ਹਨ । ਸਾਧ ਜਨ (ਤੇਰੇ ਗੁਣਾਂ ਦੀ) ਵਿਚਾਰ ਕਰ ਕੇ ਤੈਨੂੰ ਸਲਾਹ ਰਹੇ ਹਨ । ਜਤੀ, ਦਾਨੀ ਅਤੇ ਸੰਤੋਖੀ ਬੰਦੇ ਭੀ ਤੇਰੇ ਹੀ ਗੁਣ ਗਾ ਰਹੇ ਹਨ । ਬੇਅੰਤ ਤਕੜੇ ਸੂਰਮੇ ਤੇਰੀਆਂ ਹੀ ਵਡਿਆਈਆਂ ਕਰ ਰਹੇ ਹਨ ।

**ਗਾਵਨਿ ਤੁਧ ਨੋ ਪੰਡਿਤ ਪੜਨਿ ਰਖੀਸੁਰ ਜੁਗੁ ਜੁਗੁ ਵੇਦਾ ਨਾਲੇ ॥ ਗਾਵਨਿ ਤੁਧ ਨੋ ਮੋਹਣੀਆ ਮਨੁ ਮੋਹਨਿ ਸੁਰਗੁ ਮਛੁ ਪਇਆਲੇ ॥**

ਅਰਥ : (ਹੇ ਪ੍ਰਭੂ !) ਪੰਡਿਤ ਅਤੇ ਮਹਾ ਰਿਖੀ ਜੋ (ਵੇਦਾਂ ਨੂੰ ਪੜ੍ਹਦੇ ਹਨ, ਵੇਦਾਂ ਸਣੇ ਤੇਰਾ ਹੀ ਜਸ ਕਰ ਰਹੇ ਹਨ । ਸੁੰਦਰ ਇਸਤ੍ਰੀਆਂ ਜੋ (ਆਪਣੀ ਸੁੰਦਰਤਾ ਨਾਲ ਮਨੁੱਖ ਦੇ) ਮਨ ਨੂੰ ਮੋਹ ਲੈਂਦੀਆਂ ਹਨ ਤੈਨੂੰ ਹੀ ਗਾ ਰਹੀਆਂ ਹਨ, (ਭਾਵ, ਤੇਰੀ ਸੁੰਦਰਤਾ ਦਾ ਪਰਕਾਸ਼ ਕਰ ਰਹੀਆਂ ਹਨ) । ਸੁਰਗ-ਲੋਕ, ਮਾਤ-ਲੋਕ ਅਤੇ ਪਤਾਲ-ਲੋਕ (ਭਾਵ, ਸੁਰਗ ਮਾਤ ਅਤੇ ਪਤਾਲ ਦੇ ਸਾਰੇ ਜੀਆ ਜੰਤ) ਤੇਰੀ ਹੀ ਵਡਿਆਈ ਕਰ ਰਹੇ ਹਨ ।

**ਗਾਵਨਿ ਤੁਧ ਨੋ ਰਤਨ ਉਪਾਏ ਤੇਰੇ ਅਠਸਠਿ ਤੀਰਥ ਨਾਲੇ ॥ ਗਾਵਨਿ ਤੁਧ ਨੋ ਜੋਧ ਮਹਾਬਲ ਸੂਰਾ ਗਾਵਨਿ ਤੁਧ ਨੋ ਖਾਣੀ ਚਾਰੇ ॥ ਗਾਵਨਿ ਤੁਧ ਨੋ ਖੰਡ ਮੰਡਲ ਬ੍ਰਹਮੰਡਾ ਕਰਿ ਕਰਿ ਰਖੇ ਤੇਰੇ ਧਾਰੇ ॥ {ਪੰਨਾ ੯}**

ਅਰਥ :…(ਹੇ ਪ੍ਰਭੂ !) ਤੇਰੇ ਪੈਦਾ ਕੀਤੇ ਹੋਏ ਰਤਨ ਅਠਾਹਠ ਤੀਰਥਾਂ ਸਮੇਤ ਤੈਨੂੰ ਹੀ ਗਾ ਰਹੇ ਹਨ । ਵੱਡੇ ਬਲ ਵਾਲੇ ਜੋਧੇ ਅਤੇ ਸੂਰਮੇ (ਤੇਰਾ ਦਿੱਤਾ ਬਲ ਵਿਖਾ ਕੇ) ਤੇਰੀ ਹੀ (ਤਾਕਤ ਦੀ) ਸਿਫ਼ਤਿ ਕਰ ਰਹੇ ਹਨ । ਚੌਹਾਂ ਹੀ ਖਾਣੀਆਂ ਦੇ ਜੀਅ ਜੰਤ ਤੈਨੂੰ ਗਾ ਰਹੇ ਹਨ । ਸਾਰੀ ਸ੍ਰਿਸ਼ਟੀ, ਸ੍ਰਿਸ਼ਟੀ ਦੇ ਸਾਰੇ ਖੰਡ ਤੇ ਮੰਡਲ, ਜੋ ਤੂੰ ਪੈਦਾ ਕਰ ਕੇ ਟਿਕਾ ਰੱਖੇ ਹਨ, ਤੈਨੂੰ ਹੀ ਗਾਉਂਦੇ ਹਨ ।

**ਸੇਈ ਤੁਧ ਨੋ ਗਾਵਨਿ ਜੋ ਤੁਧੁ ਭਾਵਨਿ ਰਤੇ ਤੇਰੇ ਭਗਤ ਰਸਾਲੇ ॥ ਹੋਰਿ ਕੇਤੇ ਤੁਧ ਨੋ ਗਾਵਨਿ ਸੇ ਮੈ ਚਿਤਿ ਨ ਆਵਨਿ ਨਾਨਕੁ ਕਿਆ ਬੀਚਾਰੇ ॥**

ਅਰਥ :…(ਹੇ ਪ੍ਰਭੂ !) ਅਸਲ ਵਿਚ ਉਹੀ ਬੰਦੇ ਤੇਰੀ ਸਿਫ਼ਤਿ-ਸਾਲਾਹ ਕਰਦੇ ਹਨ (ਭਾਵ, ਉਹਨਾਂ ਦੀ ਕੀਤੀ ਸਿਫ਼ਤਿ-ਸਾਲਾਹ ਸਫਲ ਹੈ) ਜੋ ਤੇਰੇ ਪ੍ਰੇਮ ਵਿਚ ਰੰਗੇ ਹੋਏ ਹਨ ਅਤੇ ਤੇਰੇ ਰਸੀਏ ਭਗਤ ਹਨ, ਉਹੀ ਬੰਦੇ ਤੈਨੂੰ ਪਿਆਰੇ ਲੱਗਦੇ ਹਨ । ਅਨੇਕਾਂ ਹੋਰ ਜੀਵ ਤੇਰੀ ਵਡਿਆਈ ਕਰ ਰਹੇ ਹਨ, ਜੋ ਮੈਥੋਂ ਗਿਣੇ ਨਹੀਂ ਜਾ ਸਕਦੇ । (ਭਲਾ, ਇਸ ਗਿਣਤੀ ਬਾਰੇ) ਨਾਨਕ ਕੀਹ ਵਿਚਾਰ ਕਰ ਸਕਦਾ ਹੈ ? (ਨਾਨਕ ਇਹ ਵਿਚਾਰ ਕਰਨ-ਜੋਗਾ ਨਹੀਂ ਹੈ) ।

**ਸੋਈ ਸੋਈ ਸਦਾ ਸਚੁ, ਸਾਹਿਬੁ ਸਾਚਾ, ਸਾਚੀ ਨਾਈ ॥ ਹੈ ਭੀ, ਹੋਸੀ, ਜਾਇ ਨ ਜਾਸੀ, ਰਚਨਾ ਜਿਨਿ ਰਚਾਈ ॥**

ਅਰਥ :ਜਿਸ (ਪ੍ਰਭੂ) ਨੇ ਇਹ ਸ੍ਰਿਸ਼ਟੀ ਪੈਦਾ ਕੀਤੀ ਹੈ, ਉਹ ਇਸ ਵੇਲੇ ਭੀ ਮੌਜੂਦ ਹੈ, ਤੇ ਸਦਾ ਕਾਇਮ ਰਹਿਣ ਵਾਲਾ ਹੈ । ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ । ਉਸ ਦੀ ਵਡਿਆਈ ਸਦਾ ਕਾਇਮ ਰਹਿਣ ਵਾਲੀ ਹੈ ।

**ਰੰਗੀ ਰੰਗੀ ਭਾਤੀ ਕਰਿ ਕਰਿ ਜਿਨਸੀ ਮਾਇਆ ਜਿਨਿ ਉਪਾਈ ॥ ਕਰਿ ਕਰਿ ਦੇਖੈ ਕੀਤਾ ਆਪਣਾ ਜਿਉ ਤਿਸ ਦੀ ਵਡਿਆਈ ॥**

ਅਰਥ :…ਜਿਸ ਪ੍ਰਭੂ ਨੇ ਕਈ ਰੰਗਾਂ ਕਿਸਮਾਂ ਤੇ ਜਿਨਸਾਂ ਦੀ ਮਾਇਆ ਰਚ ਦਿੱਤੀ ਹੈ, ਉਹ, ਜਿਵੇਂ ਉਸ ਦੀ ਰਜ਼ਾ ਹੈ, ਜਗਤ ਨੂੰ ਪੈਦਾ ਕਰ ਕੇ ਆਪਣੇ ਪੈਦਾ ਕੀਤੇ ਹੋਏ ਦੀ ਸੰਭਾਲ ਕਰ ਰਿਹਾ ਹੈ ।

**ਜੋ ਤਿਸੁ ਭਾਵੈ ਸੋਈ ਕਰਸੀ ਫਿਰਿ ਹੁਕਮੁ ਨ ਕਰਣਾ ਜਾਈ ॥ ਸੋ ਪਾਤਿਸਾਹੁ ਸਾਹਾ ਪਤਿ ਸਾਹਿਬੁ ਨਾਨਕ ਰਹਣੁ ਰਜਾਈ ॥੧॥**

© 2013 Sikh Research Institute 

ਅਰਥ :…ਜੋ ਕੁਝ ਉਸ (ਪ੍ਰਭੂ) ਨੂੰ ਚੰਗਾ ਲੱਗਦਾ ਹੈ ਉਹੀ ਉਹ ਕਰਦਾ ਹੈ । ਕੋਈ ਜੀਵ ਉਸ ਦੇ ਅੱਗੇ ਹੈਂਕੜ ਨਹੀਂ ਵਿਖਾ ਸਕਦਾ (ਕੋਈ ਜੀਵ ਉਸ ਨੂੰ ਇਹ ਨਹੀਂ ਆਖ ਸਕਦਾ 'ਇਉਂ ਨਹੀਂ, ਇਉਂ ਕਰ') । ਉਹ ਪ੍ਰਭੂ (ਸਾਰੇ ਜਗਤ ਦਾ) ਪਾਤਿਸ਼ਾਹ ਹੈ, ਪਾਤਿਸ਼ਾਹਾਂ ਦਾ ਭੀ ਪਾਤਿਸ਼ਾਹ ਹੈ । ਹੇ ਨਾਨਕ ! (ਜੀਵਾਂ ਨੂੰ) ਉਸ ਦੀ ਰਜ਼ਾ ਵਿਚ ਰਹਿਣਾ ਹੀ ਫਬਦਾ ਹੈ ।੧।

ਨੋਟ :…ਪਉਣ ਪਾਣੀ ਬੈਸੰਤਰ ਆਦਿਕ ਅਚੇਤਨ ਪਦਾਰਥ ਭੀ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰ ਰਹੇ ਹਨ, ਭਾਵ, ਉਸ ਦੇ ਪੈਦਾ ਕੀਤੇ ਸਾਰੇ ਤੱਤ ਭੀ ਉਸ ਦੀ ਰਜ਼ਾ ਵਿਚ ਤੁਰ ਰਹੇ ਹਨ । ਰਜ਼ਾ ਵਿਚ ਤੁਰਨਾ ਉਸ ਦੀ ਸਿਫ਼ਤਿ-ਸਾਲਾਹ ਹੀ ਕਰਨੀ ਹੈ । {੧੪੩੦ ਪੰਨੇ ਵਾਲੀ ਬੀੜ, ਪੰਨਾ ੯}